ਦਫ਼ਤਰ : ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਲੋਕ ਨਿਰਮਾਣ ਵਿਭਾਗ ਭਵਨ ਤੇ ਮਾਰਗ ਸ਼ਾਖਾ, ਮਾਨਸਾ।

ਟੈਲੀਫੋਨ/ਫੈਕਸ ਨੰ: 01652-232119 Email ID :- xen.mansa@gmail.com

ਪੱਤਰ ਨੰ. 1020 ਮਿਤੀ 28/05/2025

ਵੱਲ,

Principal

Alpine Public School ,

Mansa.

ਵਿਸ਼ਾ: ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ। (ਸਾਲ 2025-26)

ਹਵਾਲਾ: ਆਪ ਦਾ ਰੈਫ ਨੰ. 2096/APS/2025-26 ਮਿਤੀ 21/04/2025 ਦੇ ਸਬੰਧ ਵਿੱਚ।

ਤੁਹਾਡੇ ਸਕੂਲ ਬਿਲਡਿੰਗ ਦੀ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਹਨਾਂ ਦੀ ਰਿਪੋਰਟ/ਸ਼ਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2025-26 ਦਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ **31-03-2026** ਤੱਕ ਜਾਰੀ ਕੀਤਾ ਜਾਂਦਾ ਹੈ:-

1) ਇੰਜੀ. ਕੁਲਵਿੰਦਰ ਸਿੰਘ ਦੁਆਰਾ ਮਿਤੀ 10.04.2025 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਹਨਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ **2025-26** ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੇ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।

2) ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।

3) ਜੇਕਰ ਬਿਲਡਿੰਗ ਦੀਆਂ ਕੰਧਾ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।

4) ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਬਿਜਲੀ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।

5) ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜਿੰਮੇਵਾਰ ਹੈ।

6) ਸਕੂਲ ਕੋਲ ਕਿਸੇ ਅਣਸੁਖਾਵੀਂ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿਚੋਂ ਸੁਰਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ 'ਤੇ ਸਮੀਖਿਆ ਅਤੇ ਅੱਪਡੇਟ ਕਰਦੇ ਰਹਿਣਾ ਚਾਹੀਦਾ ਹੈ।

7) ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਰੋਡ ਟੂ ਅਸੈਸ ਦੀ ਮੰਨਜੂਰੀ ਸਬੰਧਤ ਵਿਭਾਗ ਤੋਂ ਲੈਣ ਲਈ ਸਕੂਲ ਪ੍ਰਬੰਧਕ ਖੁਦ ਜਿੰਮੇਵਾਰ ਹੋਵੇਗਾ।

8) ਸਕੂਲ ਨੂੰ ਸਟਾਫ਼ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।

9) ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ ਨੰ. **4628712** ਮਿਤੀ: **25-04-2025** ਰਾਹੀਂ **ਦਸ ਹਜ਼ਾਰ ਰੁਪਏ (10,000/-)** ਬਿਲਡਿੰਗ ਨਿਰੀਖਣ ਫੀਸ ਵਜੋਂ ਪ੍ਰਾਪਤ ਕੀਤੇ ।

10) ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।

**ਨੱਥੀ: ਨਕਸ਼ਾ**

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭ ਤੇ ਮ ਸ਼ਾਖਾ,
ਮਾਨਸਾ।

ਪਿੱਠ ਅੰਕਣ ਨੰ. ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰ.1, ਮਾਨਸਾ ਨੂੰ ਉਹਨਾਂ ਦੇ ਪੱਤਰ ਨੰ. 75 ਮਿਤੀ 22/05/2025 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭ ਤੇ ਮ ਸ਼ਾਖਾ,
ਮਾਨਸਾ।